# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 08-12-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਰਾਜਸਥਾਨ ਅਤੇ ਹਰਿਆਣਾ ਦਾ ਦੌਰਾ ਕਰਨਗੇ। ਰਾਜਸਥਾਨ ਵਿੱਚ, ਪ੍ਰਧਾਨ ਮੰਤਰੀ ਜੈਪੁਰ ਪ੍ਰਦਰਸ਼ਨੀ ਅਤੇ ਕਾਨਫਰੰਸ ਕੇਂਦਰ ਵਿੱਚ 'ਰਾਈਜ਼ਿੰਗ ਰਾਜਸਥਾਨ' ਆਲਮੀ ਸਿਖਰ ਸੰਮੇਲਨ-2024 ਦਾ ਉਦਘਾਟਨ ਕਰਨਗੇ। ਇਸ ਮੌਕੇ ਸ਼੍ਰੀ ਮੋਦੀ ਉੱਥੇ ਮੌਜੂਦ ਲੋਕਾਂ ਨੂੰ ਸੰਬੋਧਨ ਕਰਨਗੇ। ਦੁਪਹਿਰ ਨੂੰ ਪ੍ਰਧਾਨ ਮੰਤਰੀ, ਪਾਣੀਪਤ ਵਿੱਚ **ਬੀਮਾ ਸਖੀ ਯੋਜਨਾ** ਦੀ ਸ਼ੁਰੂਆਤ ਕਰਨਗੇ। ਇਹ ਯੋਜਨਾ 18 ਤੋਂ 70 ਸਾਲ ਦੀ ਉਮਰ ਦੀਆਂ ਔਰਤਾਂ ਨੂੰ ਮਜ਼ਬੂਤ ਕਰਨ ਲਈ ਏ, ਜਿਨਾਂ ਦੀ ਵਿਦਿਅਕ ਯੋਗਤਾ ਘਟੋ-ਘਟ 10ਵੀਂ ਜਮਾਤ ਪਾਸ ਏ। ਪ੍ਰੋਗਰਾਮ ਦੌਰਾਨ ਪ੍ਰਧਾਨ ਮੰਤਰੀ, ਹਰਿਆਣਾ ਦੇ ਕਰਨਾਲ ਵਿਚ ਮਹਾਰਾਣਾ ਪ੍ਰਤਾਪ ਬਾਗਬਾਨੀ ਯੂਨੀਵਰਸਿਟੀ ਦੇ ਮੁੱਖ ਕੈਂਪਸ ਦਾ ਨੀਂਹ ਪੱਥਰ ਵੀ ਰੱਖਣਗੇ।

---------------------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ  ਕਿ ਸੀਮਾ ਸੁਰੱਖਿਆ ਬਲ, ਹਿੰਮਤ, ਬਹਾਦਰੀ ਅਤੇ ਕੁਰਬਾਨੀ ਦੀ ਤਾਕਤ ਨਾਲ  6 ਦਹਾਕਿਆਂ ਤੋਂ ਦੇਸ਼ ਦੀ ਸਰਹੱਦੀ ਸੁਰੱਖਿਆ ਦੀ ਪਹਿਲੀ ਕਤਾਰ ਨੂੰ ਮਜ਼ਬੂਤ ਕਰਨ ਲਈ ਕੰਮ ਕਰ ਰਿਹਾ ਏ। ਅੱਜ ਜੋਧਪੁਰ ਵਿੱਚ ਸੀਮਾ ਸੁਰੱਖਿਆ ਬਲ ਦੇ 60ਵੇਂ ਸਥਾਪਨਾ ਦਿਵਸ ਸਮਾਗਮ  ਨੂੰ ਸੰਬੋਧਨ ਕਰਦਿਆਂ ਅਮਿਤ ਸ਼ਾਹ  ਨੇ ਕਿਹਾ ਕਿ ਬੀ.ਐਸ.ਐਫ ਨੇ 1965 ਤੋਂ ਲੈ ਕੇ ਹੁਣ ਤੱਕ, ਪੂਰਬੀ ਅਤੇ ਪੱਛਮੀ ਸਰਹੱਦਾਂ ਨੂੰ ਸੁਰੱਖਿਅਤ ਕਰਨ ਲਈ, ਸ਼ਾਨਦਾਰ ਕੰਮ ਕੀਤਾ ਏ। ਉਨ੍ਹਾਂ ਕਿਹਾ ਕਿ ਸਰਹੱਦੀ ਸੁਰੱਖਿਆ ਦੇ ਨਾਲ-ਨਾਲ ਬੀ.ਐਸ.ਐਫ ਨੇ ਘੁਸਪੈਠ, ਨਕਲੀ ਨੋਟ, ਖੱਬੇ ਪੱਖੀ ਘੁਸਪੈਠ ਨੂੰ ਰੋਕਣ ਸਮੇਤ ਵੱਖ-ਵੱਖ ਮੋਰਚਿਆਂ ਤੇ ਵਿੱਚ ਕੰਮ ਕੀਤਾ ਏ। ਗ੍ਰਹਿ ਮੰਤਰੀ ਨੇ ਕਿਹਾ ਕਿ ਸਾਡੇ ਦੇਸ਼ ਦੀ ਸਰਹੱਦੀ ਸੁਰੱਖਿਆ ਦੀ ਨੀਤੀ ਕਈ ਸਾਲਾਂ ਤੱਕ ਧੁੰਦਲੀ ਰਹੀ, ਪਰ ਮੋਦੀ ਸਰਕਾਰ ਨੇ ਇਸ 'ਤੇ ਗੰਭੀਰਤਾ ਨਾਲ ਕੰਮ ਕੀਤਾ ਏ। ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਦੀ ਅਗਵਾਈ 'ਚ ਦੇਸ਼ ਦੀ ਸੁਰੱਖਿਆ ਵਿਵਸਥਾ 'ਚ ਵੱਡਾ ਬਦਲਾਅ ਆਇਆ ਏ।

-----------------------------------------------------------------

ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਪੰਜਾਬ ਭਵਨ, ਚੰਡੀਗੜ੍ਹ ਵਿਖੇ ਅੱਜ ਇੱਕ ਪ੍ਰੈਸ ਕਾਨਫਰੰਸ ਦੌਰਾਨ ਦਸਿਆ ਏ ਕਿ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਦੀ ਪੜ੍ਹਾਈ ਲਈ ਵਿੱਤੀ ਸਹਾਇਤਾ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਨੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਫਾਰ ਐਸ.ਸੀ. ਸਟੂਡੈਂਟਸ ਸਕੀਮ ਅਧੀਨ ਸਾਲ 2 ਹਜਾਰ 24-25 ਦੇ ਬਜਟ ਉਪਬੰਧ ਵਿੱਚੋਂ 92 ਕਰੋੜ ਰੁਪਏ ਜਾਰੀ ਕੀਤੇ ਗਏ ਨੇ। ਇਸੇ ਤਰਾਂ ਸਾਲ 2024-25 ਲਈ ਵਿਦਿਆਰਥੀਆਂ ਦੇ ਵਜ਼ੀਫੇ ਲਈ 245 ਕਰੋੜ ਰੁਪਏ ਦੀ ਰਕਮ ਰਾਖਵੀਂ ਰੱਖੀ ਗਈ ਹੈ। ਡਾ. ਬਲਜੀਤ ਕੌਰ ਨੇ ਅਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਫਾਰ ਐਸ.ਸੀ. ਸਟੂਡੈਂਟਸ ਸਕੀਮ ਤਹਿਤ ਸਾਲ 2017-18 ਤੋਂ 2019-20 ਤੱਕ ਦੀ ਬਕਾਇਆ ਰਹਿੰਦੀ ਅਦਾਇਗੀ ਲਈ ਸਾਲ 2023-24 ਦੌਰਾਨ 366.00 ਕਰੋੜ ਰੁਪਏ ਜਾਰੀ ਕੀਤੇ ਗਏ ਸਨ, ਜਿਸ ਵਿੱਚੋਂ 1 ਹਜਾਰ 8 ਸੰਸਥਾਵਾਂ

ਨੂੰ 283 ਕਰੋੜ ਰੁਪਏ ਤੋਂ ਵਧ ਦੀ ਰਾਸ਼ੀ ਅਦਾਇਗੀ ਕੀਤੀ ਜਾ ਚੁੱਕੀ ਏ।

---------------------------------------------------------------

ਪੰਜਾਬ ਸਰਕਾਰ ਦੇ ਬਾਗਬਾਨੀ ਵਿਭਾਗ ਤੇ ਕੇਂਦਰੀ ਸਿਲਕ ਬੋਰਡ ਦੇ ਆਪਸੀ ਸਹਿਯੋਗ ਨਾਲ ਭਾਰਤੀ ਸਿਲਕ ਮਾਰਕ ਆਰਗੇਨਾਈਜ਼ੇਸ਼ਨ ਵਲੋਂ ਕਰਵਾਇਆ ਜਾ ਰਿਹਾ ਸਿਲਕ ਮਾਰਕ ਐਕਸਪੋ- **2024** ਕਿਸਾਨ ਭਵਨ, ਸੈਕਟਰ 35, ਚੰਡੀਗੜ੍ਹ ਵਿਚ ਚੱਲ ਰਿਹਾ ਹੈ। ਪੰਜਾਬ ਦੇ ਬਾਗਬਾਨੀ ਮੰਤਰੀ ਮਹਿੰਦਰ ਭਗਤ ਨੇ ਮੰਤਰੀ ਨੇ ਦਸਿਆ ਏ ਕਿ ਸਿਲਕ ਮਾਰਕ ਐਕਸਪੋ ਦੀ ਸਫਲਤਾ, ਕਿਸਾਨਾਂ ਅਤੇ ਕਾਰੀਗਰਾਂ ਲਈ ਬਿਹਤਰ ਆਜੀਵਿਕਾ ਨੂੰ ਯਕੀਨੀ ਬਣਾਉਂਦੇ ਹੋਏ, ਰੇਸ਼ਮ ਦੀ ਖੇਤੀ ਦੇ ਖੇਤਰ ਦਾ ਵਿਸਥਾਰ ਕਰਨ ਦੇ ਸਾਡੇ ਸੰਕਲਪ ਨੂੰ ਦਰਸਾਉਂਦੀ ਹੈ। ਪੰਜਾਬ ਬਾਗ਼ਬਾਨੀ ਡਾਇਰੈਕਟਰ ਸ੍ਰੀਮਤੀ ਸ਼ੈਲੇਂਦਰ ਕੌਰ ਨੇ ਕਿਹਾ ਏ ਕਿ ਸ਼ੁੱਧ ਰੇਸ਼ਮ ਉਤਪਾਦ, ਬਹੁਤ ਸਾਰੇ ਖਪਤਕਾਰਾਂ ਨੂੰ ਆਕਰਸ਼ਿਤ ਕਰ ਰਹੇ ਨੇ। 9 ਦਸੰਬਰ ਤੱਕ ਚੱਲਣ ਵਾਲਾ ਸਿਲਕ ਐਕਸਪੋ- 2024 ਲੋਕਾਂ ਲਈ ਸ਼ੁੱਧ ਰੇਸ਼ਮੀ ਉਤਪਾਦਾਂ ਨੂੰ ਖ਼ਰੀਦਣ ਅਤੇ

ਜਾਨਣ ਦਾ ਵਿਲੱਖਣ ਮੌਕਾ ਏ। ਐਕਸਪੋ ਵਿੱਚ ਪੰਜਾਬ, ਹਰਿਆਣਾ, ਕਰਨਾਟਕ, ਉੱਤਰ ਪ੍ਰਦੇਸ਼, ਉੱਤਰਾਖੰਡ, ਪੱਛਮੀ ਬੰਗਾਲ, ਅਤੇ ਹੋਰਨਾਂ ਰਾਜਾਂ ਦੀਆਂ ਸਾੜੀਆਂ, ਸਟੌਲ ਅਤੇ ਘਰੇਲੂ ਸਜਾਵਟੀ ਸਮਾਨ ਆਦਿ ਸਮੇਤ ਸ਼ਾਨਦਾਰ ਰੇਸ਼ਮ ਤੋਂ ਤਿਆਰ ਹੋਈਆਂ ਵਸਤਾਂ ਦੀ ਨੁਮਾਇਸ਼ ਲਈ ਵੱਖ-ਵੱਖ ਸਟਾਲ ਲਗਾਏ ਗਏ ਨੇ ।

---------------------------------------------------------

ਭਾਰਤੀ ਸਾਹਿਤ ਅਕਾਦਮੀ, ਦਿੱਲੀ ਵੱਲੋਂ ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਦੇ ਸਹਿਯੋਗ ਨਾਲ "ਯੁਵਾ ਸਾਹਿਤੀ" ਸਿਰਲੇਖ ਅਧੀਨ ਭਲਕੇ 9 ਦਸੰਬਰ ਨੂੰ ਸਵੇਰੇ 11 ਵਜੇ ਕਲਾ ਪਰਿਸ਼ਦ ਸੈਕਟਰ 16, ਚੰਡੀਗੜ੍ਹ ਦੇ ਹਾਲ ਵਿਚ ਪੰਜਾਬੀ ਕਵਿਤਾ ਤੇ ਕਹਾਣੀ ਪਾਠ ਕਰਵਾਇਆ ਜਾ ਰਿਹਾ ਏ। ਕਵਿਤਾ ਭਾਗ ਵਿਚ ਸ਼ਾਇਰ ਸੰਦੀਪ ਸਿੰਘ ਤੇ ਸ਼ਾਇਰਾ ਜਸਲੀਨ ਆਪਣੀਆਂ ਕਵਿਤਾਵਾਂ ਪੜ੍ਹਣਗੇ। ਕਹਾਣੀ ਭਾਗ ਵਿਚ ਕਹਾਣੀਕਾਰ ਗੁਰਮੀਤ ਆਰਿਫ਼ ਤੇ ਉਭਰਦੀ ਕਹਾਣੀਕਾਰਾ ਰੇਮਨ ਆਪਣੀਆਂ ਕਹਾਣੀਆਂ ਸੁਣਾਉਣਗੇ।

---

ਉੱਤਰਾਖੰਡ ਵਿੱਚ ਸਰਦਰੁਤ ਦੀ ਚਾਰਧਾਮ ਯਾਤਰਾ ਸ਼ੁਰੂ ਹੋ ਗਈ ਏ। ਸੂਬੇ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਰੁਦਰਪ੍ਰਯਾਗ ਜ਼ਿਲ੍ਹੇ ਦੇ ਉਖੀਮਠ ਵਿੱਚ ਓਮਕਾਰੇਸ਼ਵਰ ਮੰਦਰ ਵਿੱਚ ਯਾਤਰਾ ਦਾ ਰਸਮੀ ਉਦਘਾਟਨ ਕੀਤਾ। ਇਹ ਮੰਦਰ ਸਰਦੀਆਂ ਦੇ ਮੌਸਮ ਵਿੱਚ ਭਗਵਾਨ ਕੇਦਾਰਨਾਥ ਦੀ ਮੂਰਤੀ ਦਾ ਨਿਵਾਸ ਹੁੰਦਾ ਏ। ਰੁਦਰਪ੍ਰਯਾਗ ਵਿਚ ਹੋਏ ਇਕ ਸਮਾਗਮ ਦੌਰਾਨ ਮੁਖ ਮੰਤਰੀ ਧਾਮੀ ਨੇ ਦਸਿਆ ਕਿ ਉਤਰਾਖੰਡ ਸਰਕਾਰ ਸਰਦਰੁਤ ਦੀਆਂ ਤੀਰਥ ਯਾਤਰਾਵਾਂ ਸਬੰਧੀ ਉਚ ਪਧਰ ਦੇ ਪ੍ਰਬੰਧ ਕੀਤੇ ਜਾ ਰਹੇ ਨੇ।